# PM and Afghanistan President exchange greetings

March 24, 2020

…………………………………………………………………………………………

## ਪ੍ਰਧਾਨ ਮੰਤਰੀ ਅਤੇ ਅਫਗਾਨਿਸਤਾਨ ਦੇ ਰਾਸ਼ਟਰਪਤੀ ਨੇ ਦਿੱਤੀਆਂ ਇੱਕ ਦੂਜੇ ਨੂੰ ਵਧਾਈਆਂ

24 ਮਾਰਚ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਅਫਗਾਨਿਸਤਾਨ ਦੇ ਰਾਸ਼ਟਰਪਤੀ ਅਸ਼ਰਫ ਗਨੀ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਦੋਨਾਂ ਆਗੂਆਂ ਨੇ ਇੱਕ ਦੂਜੇ ਨੂੰ ਨਵਰੋਜ਼ ਦੀਆਂ ਵਧਾਈਆਂ ਦਿੰਦੇ ਹੋਏ ਇਹ ਟਿੱਪਣੀ ਕੀਤੀ ਕਿ ਇਹ ਤਿਉਹਾਰ ਦੋਵਾਂ ਦੇਸ਼ਾਂ ਦੀ ਸਾਂਝੀ ਵਿਰਾਸਤ ਅਤੇ ਇਨ੍ਹਾਂ ਦੇ ਸਭਿਆਚਾਰਕ ਸਬੰਧਾਂ ਦਾ ਪ੍ਰਤੀਕ ਹੈ।

ਦੋਨਾਂ ਨੇਤਾਵਾਂ ਨੇ ਇਸ ਖੇਤਰ ਵਿਚ ਪੈਦਾ ਹੋ ਰਹੇ ਹਾਲਾਤ ਬਾਰੇ, ਖਾਸ ਤੌਰ 'ਤੇ ਕੋਵਿਡ -19 ਮਹਾਂਮਾਰੀ ਦੇ ਪਿਛੋਕੜ ਵਿਚ, ਗੱਲਬਾਤ ਕੀਤੀ ਅਤੇ ਸਹਿਯੋਗ ਵਧਾਉਣ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।

ਨਵੀਂ ਦਿੱਲੀ
24 ਮਾਰਚ, 2020

DISCLAIMER : This is an approximate translation. The original is available in English on MEA’s website and may be referred to as the official press release.